# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :30-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪੰਜਾਬ ਮੰਤਰੀ ਮੰਡਲ ਨੇ ਸਰਕਾਰੀ ਵਿਭਾਗਾਂ ਵਿੱਚ, ਠੇਕੇ 'ਤੇ ਕੰਮ ਕਰਨ ਵਾਲੇ 65 ਹਜ਼ਾਰ ਤੋਂ ਵੱਧ ਮੁਲਾਜ਼ਮਾਂ ਨੂੰ ਨਿਯਮਤ ਕਰਨ ਦਾ ਫੈਸਲਾ ਲਿਆ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਦਾ ਦੌਰਾ ਕੀਤਾ ਅਤੇ ਸੀਨੀਅਰ ਅਧਿਕਾਰੀਆਂ ਨਾਲ ਅਮਨ ਕਾਨੂੰਨ ਦੀ ਹਾਲਤ ਦਾ ਜਾਇਜ਼ਾ ਲਿਆ।
- ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (S.I.R.) ਅਧੀਨ ਵੋਟਰ ਸੂਚੀਆਂ ਦੇ ਪ੍ਰਕਾਸ਼ਨ ਸਬੰਧੀ ਸਮਾਂ-ਸਾਰਣੀ ਵਿੱਚ ਸੋਧ ਕੀਤੀ ਏ। ਖਰੜਾ ਵੋਟਰ ਸੂਚੀਆਂ

31 ਜੁਲਾਈ ਦੀ ਥਾਂ,ਹੁਣ  3 ਅਗਸਤ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ।

- ਪੰਜਾਬ ਅਤੇ ਹਰਿਆਣਾ ਦੇ ਬਹੁਤੇ ਹਿੱਸਿਆਂ ਵਿੱਚ, ਅੱਜ ਸਵੇਰੇ ਗਰਜ-ਚਮਕ ਨਾਲ ਮੀਂਹ ਪੈਣ ਕਾਰਨ, ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ।

## ਹੁਣ ਖ਼ਬਰਾਂ ਵਿਸਥਾਰ ਨਾਲ

ਪੰਜਾਬ ਮੰਤਰੀ ਮੰਡਲ ਨੇ ਸਰਕਾਰੀ ਵਿਭਾਗਾਂ ਵਿੱਚ ਠੇਕੇ ਤੇ ਕਾਮ ਕਰਨ ਵਾਲੇ 65,000 ਤੋਂ ਵੱਧ ਕਰਮਚਾਰੀਆਂ ਨੂੰ ਨਿਯਮਤ ਕਰਨ ਦਾ ਫੈਸਲਾ ਲਿਆ ਹੈ। ਮੰਤਰੀ ਮੰਡਲ ਨੇ ਮਹਿੰਗਾਈ ਭੱਤੇ (ਡੀਏ) ਅਤੇ ਪੈਨਸ਼ਨ ਨਾਲ ਸਬੰਧਤ ਬਕਾਏ ਦੇ ਹੱਲ ਲਈ ਮੰਤਰੀ ਮੰਡਲ ਦੇ ਪੈਨਲ ਦਾ ਵੀ ਪੁਨਰਗਠਨ ਕੀਤਾ ਹੈ | ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਲਈ ਸੱਤ ਵਿਸ਼ੇਸ਼ ਵਿਸ਼ੇਸ਼ ਅਦਾਲਤਾਂ ਦੀ ਸਥਾਪਨਾ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇੱਕ ਪ੍ਰੈਸ ਕਾਨਫਰੰਸ ਦੌਰਾਨ ਫੈਸਲਿਆਂ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਰਾਜ ਆਊਟਸੋਰਸਡ ਪਰਸੋਨਲ (ਕੰਟਰੈਕਟੂਅਲ ਇੰਗੇਜਮੈਂਟ ਵਿੱਚ ਤਬਦੀਲੀ ਬਾਰੇ  ਬਿੱਲ, 2026  ਤਹਿਤ, ਆਊਟਸੋਰਸਡ ਗਰੁੱਪ ਸੀ ਅਤੇ ਗਰੁੱਪ ਡੀ ਕਰਮਚਾਰੀਆਂ ਜਿਨ੍ਹਾਂ ਨੇ ਪੰਜ ਸਾਲ ਦੀ ਲਗਾਤਾਰ

ਸੇਵਾ ਪੂਰੀ ਕੀਤੀ ਹੈ, ਨੂੰ ਸਿੱਧੇ ਤੌਰ 'ਤੇ ਸਰਕਾਰੀ CONTRACTUAL ਰੋਜ਼ਗਾਰ ਦੇ ਅਧੀਨ ਲਿਆਂਦਾ ਜਾਵੇਗਾ।

BYTE

ਮੁੱਖ ਮੰਤਰੀ ਨੇ ਕਿਹਾ ਕਿ ਫੈਸਲੇ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਮੰਤਰੀ ਮੰਡਲ ਦੀ ਪ੍ਰਵਾਨਗੀ ਦੇ 45 ਦਿਨਾਂ ਦੇ ਅੰਦਰ ਸ਼ੁਰੂ ਹੋ ਜਾਵੇਗੀ | ਮੰਤਰੀ ਮੰਡਲ ਨੇ ਭ੍ਰਿਸ਼ਟਾਚਾਰ ਸਬੰਧੀ ਮੁਕੱਦਮਿਆਂ ਦੇ ਤੇਜ਼ ਨਿਪਟਾਰੇ ਲਈ ਸੱਤ ਵਿਸ਼ੇਸ਼ ਅਦਾਲਤਾਂ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਐਸ. ਏ. ਐਸ ਨਗਰ ਵਿੱਚ ਤਿੰਨ ਅਦਾਲਤਾਂ ਸਥਾਪਤ ਕੀਤੀਆਂ ਜਾਣਗੀਆਂ, ਜਦੋਂ ਕਿ ਜਲੰਧਰ, ਲੁਧਿਆਣਾ, ਅੰਮ੍ਰਿਤਸਰ ਅਤੇ ਪਟਿਆਲਾ ਵਿੱਚ ਇੱਕ-ਇੱਕ ਅਦਾਲਤ ਹੋਏਗੀ । ਮੰਤਰੀ ਮੰਡਲ ਨੇ ਇਨ੍ਹਾਂ ਅਦਾਲਤਾਂ ਦੇ ਕੰਮਕਾਜ ਲਈ ਸਹਾਇਕ ਸਟਾਫ਼ ਦੀਆਂ 63 ਅਸਾਮੀਆਂ ਦੇ ਨਾਲ-ਨਾਲ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜਾਂ ਦੀਆਂ ਸੱਤ ਅਸਾਮੀਆਂ ਦੀ ਸਿਰਜਣਾ ਨੂੰ ਵੀ ਹਰਿ ਚੰਡੀ ਦੇ ਦਿੱਤੀ ਏ |

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 31 ਮਈ ਨੂੰ ਆਕਾਸ਼ਵਾਣੀ 'ਤੇ ਆਪਣੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼- ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 134ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ'

ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

------------------------------------------------

ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (ਐੱਸ.ਆਈ.ਆਰ.) ਅਧੀਨ ਵੋਟਰ ਸੂਚੀਆਂ ਦੇ ਪ੍ਰਕਾਸ਼ਨ ਸਬੰਧੀ ਪ੍ਰੋਗਰਾਮ ਵਿੱਚ ਸੋਧ ਕੀਤੀ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨੰਦਿਤਾ ਮਿਤਰਾ ਨੇ ਕਮਿਸ਼ਨ ਵੱਲੋਂ ਜਾਰੀ ਇਸ ਅੰਸ਼ਕ ਸੋਧ ਸਬੰਧੀ ਪੱਤਰ ਦਾ ਹਵਾਲਾ ਦਿੰਦਿਆਂ ਕਿਹਾ ਏ ਕਿ ਪੰਜਾਬ ਵਿੱਚ ਖਰੜਾ ਵੋਟਰ ਸੂਚੀਆਂ 31 ਜੁਲਾਈ ਦੀ ਥਾਂ ਹੁਣ ਆਉਂਦੀ 3 ਅਗਸਤ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਇਸੇ ਤਰ੍ਹਾਂ, ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਮਿਆਦ ਹੁਣ ਆਉਂਦੀ 3 ਅਗਸਤ ਤੋਂ 2 ਸਤੰਬਰ ਤੱਕ ਹੋਵੇਗੀ। ਦਾਅਵਿਆਂ ਅਤੇ ਇਤਰਾਜ਼ਾਂ ਸਬੰਧੀ ਨਿਪਟਾਰਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ। ਮੁੱਖ ਚੋਣ ਅਧਿਕਾਰੀ

ਨੇ ਕਿਹਾ ਕਿ ਬਾਕੀ ਸਮਾਂ-ਸਾਰਣੀ ਲੰਘੀ 14 ਮਈ ਨੂੰ ਜਾਰੀ ਨੋਟੀਫਿਕੇਸ਼ਨ ਅਨੁਸਾਰ ਹੀ ਜਾਰੀ ਰਹੇਗੀ।

---------------------------------------------------------

ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਚੰਡੀਗੜ੍ਹ ਨੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਜਨਗਣਨਾ 2027 ਤਹਿਤ ਮਕਾਨਾਂ ਨੂੰ ਸੂਚੀਬੱਧ ਕਰਨ ਸਬੰਧੀ ਹਾਊਸ ਲਿਸਟਿੰਗ ਬਲਾਕ (HLB) ਕਾਰਜਾਂ ਦੇ ਸਫਲਤਾਪੂਰਵਕ ਮੁਕੰਮਲ ਹੋਣ ਦਾ ਐਲਾਨ ਕੀਤਾ ਏ। ਤਾਜ਼ਾ ਪ੍ਰਗਤੀ ਰਿਪੋਰਟ ਅਨੁਸਾਰ, ਸਾਰੇ 2,054 ਹਾਊਸ ਲਿਸਟਿੰਗ ਬਲਾਕ (HLBs) ਪੂਰੇ ਹੋ ਗਏ ਨੇ, ਜਿਸ ਨਾਲ ਚੰਡੀਗੜ੍ਹ ਵਿੱਚ 100 ਫ਼ੀਸਦੀ ਕਵਰੇਜ ਪ੍ਰਾਪਤ ਹੋ ਗਈ ਏ। ਡਾਇਰੈਕਟੋਰੇਟ ਹੁਣ ਜਨਗਣਨਾ 2027 ਦੇ ਅਗਲੇ ਪੜਾਅ, ਜਨਸੰਖਿਆ ਗਣਨਾ ਲਈ ਪੂਰੀ ਤਰ੍ਹਾਂ ਤਿਆਰ ਏ। ਇਸਦੇ ਫਰਵਰੀ 2027 ਵਿੱਚ ਸ਼ੁਰੂ ਕਰਨ ਦਾ ਪ੍ਰੋਗਰਾਮ ਏ। ਇਸਨੂੰ ਸੁਚਾਰੂ ਅਤੇ ਸਫਲਤਾ ਨਾਲ ਲਾਗੂ ਕਰਨ ਲਈ, ਸਾਰੀਆਂ ਜ਼ਰੂਰੀ ਤਿਆਰੀ ਕੀਤੀਆਂ ਜਾ ਰਹੀਆਂ ਨੇ। ਇਸ ਦੌਰਾਨ, ਚੰਡੀਗੜ੍ਹ ਦੇ ਜਨਗਣਨਾ ਸੰਚਾਲਨ ਨਿਰਦੇਸ਼ਕ, ਡਾ. ਨਵਜੋਤ ਖੋਸਾ ਅਤੇ ਚੰਡੀਗੜ੍ਹ ਦੇ ਪ੍ਰਿੰਸੀਪਲ ਜਨਗਣਨਾ ਅਧਿਕਾਰੀ, ਨਿਸ਼ਾਂਤ ਕੁਮਾਰ ਯਾਦਵ ਨੇ ਇਸ ਅਭਿਆਸ ਵਿੱਚ ਸ਼ਾਮਲ ਸਾਰੇ ਅਧਿਕਾਰੀਆਂ ਅਤੇ ਫੀਲਡ ਸਟਾਫ ਦੀ ਸ਼ਲਾਘਾ ਕੀਤੀ ਏ। ਉਨ੍ਹਾਂ ਨੇ ਚੰਡੀਗੜ੍ਹ ਦੇ ਵਸਨੀਕਾਂ ਵੱਲੋਂ ਦਿੱਤੇ ਗਏ ਸਹਿਯੋਗ ਦਾ

ਵੀ ਧੰਨਵਾਦ ਕੀਤਾ,ਜਿਨ੍ਹਾਂ  ਇਸ ਮਹੱਤਵਪੂਰਨ ਰਾਸ਼ਟਰੀ ਅਭਿਆਸ ਨੂੰ ਸਫਲਤਾਪੂਰਵਕ ਪੂਰਾ ਕਰਨ ਵਿੱਚ ਅਹਿਮ ਯੋਗਦਾਨ ਪਾਇਆ।

---------------------------------------------------------

ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ, ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਦਾ ਦੌਰਾ ਕੀਤਾ ਅਤੇ ਸੀਨੀਅਰ ਅਧਿਕਾਰੀਆਂ ਨਾਲ ਅਮਨ ਕਾਨੂੰਨ ਦੀ ਹਾਲਤ ਦਾ ਜਾਇਜ਼ਾ ਲਿਆ। ਉਨ੍ਹਾਂ ਉੱਭਰ ਰਹੇ ਅਪਰਾਧ ਰੁਝਾਨਾਂ, ਅਪਰਾਧਾਂ ਨੂੰ ਰੋਕਣ ਲਈ ਪੁਲਿਸ ਰਣਨੀਤੀਆਂ ਨੂੰ ਮਜ਼ਬੂਤ ਕਰਨ ਅਤੇ  ਜਨਤਕ ਸੁਰੱਖਿਆ ਨੂੰ ਵਧਾਉਣ ਸਬੰਧੀ  ਮੁਲਾਂਕਣ ਕੀਤਾ। ਦੌਰੇ ਦੌਰਾਨ, ਉਨ੍ਹਾਂ ਨੇ ਮੋਹਕਮਪੁਰਾ ਵਿਖੇ ਨਵੇਂ ਸਥਾਪਿਤ ਪੁਲਿਸ ਸਟੇਸ਼ਨ ਅਤੇ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵਿੱਚ e-ਚਲਾਨ ਸਿਸਟਮ ਦਾ ਉਦਘਾਟਨ ਕੀਤਾ ਤਾਂ ਜੋ ਵਧੇਰੇ ਪਾਰਦਰਸ਼ਤਾ, ਕੁਸ਼ਲ ਟ੍ਰੈਫਿਕ ਪ੍ਰਬੰਧਨ  ਅਤੇ ਬਿਹਤਰ ਸੜਕ ਸੁਰੱਖਿਆ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਇਸ ਪਹਿਲਕਦਮੀ ਨਾਲ, ਐਸ ਏ ਐਸ ਨਗਰ, ਜਲੰਧਰ ਅਤੇ ਲੁਧਿਆਣਾ ਤੋਂ ਬਾਅਦ  ਅੰਮ੍ਰਿਤਸਰ 'ਚ ਸਵੈਚਾਲਿਤ ਈ-ਚਲਾਨ ਲਾਗੂ ਕਰਨ ਵਾਲਾ ਰਾਜ ਦਾ ਚੌਥਾ ਸ਼ਹਿਰ ਬਣ ਗਿਆ ਹੈ। ਡੀਜੀਪੀ ਨੇ ਬਟਾਲਾ ਪੁਲਿਸ ਦੇ ਸ਼ਹੀਦ ਏਐਸਆਈ ਜੋਗਾ ਸਿੰਘ ਦੇ ਘਰ ਵੀ ਜਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਵੀ ਦਿੱਤੀ ਅਤੇ  ਸੋਗਗ੍ਰਸਤ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕੀਤੀ। ਏਐਸਆਈ ਜੋਗਾ ਸਿੰਘ ਨੂੰ ਹਾਲ ਹੀ

ਵਿੱਚ ਅੰਮ੍ਰਿਤਸਰ ਦੇ ਮਜੀਠਾ ਨੇੜੇ ਕੁਝ ਅਣਪਛਾਤੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਗੋਲੀ ਮਾਰ ਦਿੱਤੀ ਸੀ।

-----------------------------------------------------

ਪੰਜਾਬ ਬੀਜੇਪੀ ਦੇ ਨਵੇਂ ਚੁਣੇ ਗਏ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਦੌਰਾਨ ਵੱਡੇ ਪੱਧਰ 'ਤੇ ਧੋਖਾਧੜੀ ਕਰਨ ਅਤੇ ਬੇਨਿਯਮੀਆਂ ਦਾ ਇਲਜ਼ਾਮ ਲਗਾਇਆ ਏ। ਚੋਣਾਂ ਦੇ ਨਤੀਜੇ ਕੱਲ੍ਹ ਐਲਾਨੇ ਗਏ ਸਨ। ਉਨ੍ਹਾਂ ਇਲਜ਼ਾਮ ਲਗਾਇਆ ਕਿ ਸੂਬੇ ਵਿੱਚ ਸਥਾਨਕ  ਚੋਣਾਂ ਦੌਰਾਨ ਅਜਿਹੀ ਧੋਖਾਧੜੀ ਪਹਿਲਾਂ ਕਦੇ ਨਹੀਂ ਹੋਈ। ਹਾਲਾਂਕਿ, ਉਨ੍ਹਾਂ ਕਿਹਾ ਕਿ ਬੀਜੇਪੀ ਨੇ ਕਈ ਥਾਵਾਂ 'ਤੇ ਸੀਟਾਂ ਜਿੱਤ ਕੇ ਸੂਬੇ ਭਰ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ ਹੈ। ਪਾਰਟੀ ਨੇ 1,977 ਵਿੱਚੋਂ 172 ਵਾਰਡਾਂ 'ਤੇ ਜਿੱਤ ਹਾਸਲ ਕੀਤੀ ਹੈ। ਅੱਜ ਜਲੰਧਰ ਵਿੱਚ ਪਾਰਟੀ ਦੇ ਸੀਨੀਅਰ ਨੇਤਾ ਅਤੇ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਨਿਵਾਸ ਸਥਾਨ 'ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਢਿੱਲੋਂ ਨੇ ਕਿਹਾ ਕਿ ਪਾਰਟੀ 2027 ਵਿੱਚ ਸੂਬੇ ਵਿੱਚ ਸਰਕਾਰ ਬਣਾਉਣ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਸੂਬੇ ਦੀਆਂ ਸਾਰੀਆਂ 117 ਸੀਟਾਂ 'ਤੇ ਆਪਣੇ ਦਮ 'ਤੇ ਚੋਣ ਲੜੇਗੀ। ਸ੍ਰੀ ਢਿੱਲੋਂ ਨੇ ਕਿਹਾ ਕਿ ਬੀਜੇਪੀ ਵੱਲੋਂ  ਸ਼ਾਸਿਤ

ਸੂਬੇ ਤੇਜ਼ੀ ਨਾਲ ਤਰੱਕੀ ਕਰ ਰਹੇ ਨੇ ਪਰ ਪੰਜਾਬ ਹਰ ਮੁਹਾਜ਼ 'ਤੇ ਪਿੱਛੇ ਚਲ ਰਿਹਾ |

BYTE

-----------------------------------------------------

ਜਲੰਧਰ ਸਥਿਤ RTI ਕਾਰਕੁਨ ਸਿਮਰਨਜੀਤ ਸਿੰਘ ਦੀ ਲਾਸ਼ ਅੱਜ ਦੁਪਹਿਰ ਬਾਅਦ ਫਗਵਾੜਾ ਦੇ ਚਹੇੜੂ ਪਿੰਡ ਵਿਖੇ ਇੱਕ PRIVATE ਯੂਨੀਵਰਸਿਟੀ ਨੇੜੇ ਮਿਲੀ ਏ | ਉਨ੍ਹਾਂ ਦੀ ਲਾਸ਼ 'ਤੇ ਗੋਲੀਆਂ ਦੇ ਨਿਸ਼ਾਨ ਸਨ | ਜਲੰਧਰ ਰੇਂਜ ਦੇ ਡੀ.ਆਈ.ਜੀ ਨਵੀਨ ਸਿੰਗਲਾ ਨੇ ਕਿਹਾ ਕਿ ਪੁਲਿਸ ਇਸ ਵਿੱਚ ਸ਼ਾਮਲ ਲੋਕਾਂ ਦਾ ਛੇਤੀ ਤੋਂ ਛੇਤੀ ਪਤਾ ਲਗਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋੜ ਪਈ ਤਾਂ ਕਾਊਂਟਰ ਇੰਟੈਲੀਜੈਂਸ ਦੀ ਵੀ ਸਹਾਇਤਾ ਲਈ ਜਾਵੇਗੀ।

BYTE

-----------------------------------------------------

ਪੰਜਾਬ ਅਤੇ ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਵਿੱਚ, ਸਵੇਰ ਵੇਲੇ ਕਈ ਥਾਵਾਂ 'ਤੇ ਗਰਜ-ਚਮਕ ਨਾਲ ਮੀਂਹ ਪੈਣ ਕਾਰਨ, ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਏ ਅਤੇ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ। ਮੌਸਮ ਵਿਭਾਗ ਨੇ ਅੱਜ ਅਤੇ ਕੱਲ੍ਹ ਦੋਵਾਂ ਰਾਜਾਂ ਅਤੇ ਚੰਡੀਗੜ੍ਹ

ਵਿੱਚ ਵੱਖ-ਵੱਖ ਥਾਵਾਂ 'ਤੇ ਗਰਜ-ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਲਈ YELLOW ਅਤੇ ORANGE ਅਲਰਟ ਜਾਰੀ ਕੀਤਾ ਏ।

-----------------------------------------------------

- ਪੰਜਾਬ ਮੰਤਰੀ ਮੰਡਲ ਨੇ ਸਰਕਾਰੀ ਵਿਭਾਗਾਂ ਵਿੱਚ, ਠੇਕੇ 'ਤੇ ਕੰਮ ਕਰਨ ਵਾਲੇ 65 ਹਜ਼ਾਰ ਤੋਂ ਵੱਧ ਮੁਲਾਜ਼ਮਾਂ ਨੂੰ ਨਿਯਮਤ ਕਰਨ ਦਾ ਫੈਸਲਾ ਲਿਆ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਦਾ ਦੌਰਾ ਕੀਤਾ ਅਤੇ ਸੀਨੀਅਰ ਅਧਿਕਾਰੀਆਂ ਨਾਲ ਅਮਨ ਕਾਨੂੰਨ ਦੀ ਹਾਲਤ ਦਾ ਜਾਇਜ਼ਾ ਲਿਆ।
- ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (S.I.R.) ਅਧੀਨ ਵੋਟਰ ਸੂਚੀਆਂ ਦੇ ਪ੍ਰਕਾਸ਼ਨ ਸਬੰਧੀ ਸਮਾਂ-ਸਾਰਣੀ ਵਿੱਚ ਸੋਧ ਕੀਤੀ ਏ। ਖਰੜਾ ਵੋਟਰ ਸੂਚੀਆਂ 31 ਜੁਲਾਈ ਦੀ ਥਾਂ,ਹੁਣ 3 ਅਗਸਤ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ।

ਪੰਜਾਬ ਅਤੇ ਹਰਿਆਣਾ ਦੇ ਬਹੁਤੇ ਹਿੱਸਿਆਂ ਵਿੱਚ, ਅੱਜ ਸਵੇਰੇ ਗਰਜ-ਚਮਕ ਨਾਲ ਮੀਂਹ ਪੈਣ ਕਾਰਨ, ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ।

----------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**